ਭੈਰਉ ਮਹਲਾ ੩ ॥ ਕਲਜੁਗ ਮਹਿ ਰਾਮ ਨਾਮੁ ਉਰ ਧਾਰੁ ॥ ਬਿਨੁ ਨਾਵੈ ਮਾਥੈ ਪਾਵੈ ਛਾਰੁ ॥੧॥ ਰਾਮ ਨਾਮੁ ਦੁਲਭੁ ਹੈ ਭਾਈ ॥ ਗੁਰ ਪਰਸਾਦਿ ਵਸੈ ਮਨਿ ਆਈ ॥੧॥ ਰਹਾਉ ॥ ਰਾਮ ਨਾਮੁ ਜਨ ਭਾਲਹਿ ਸੋਇ ॥ ਪੂਰੇ ਗੁਰ ਤੇ ਪ੍ਰਾਪਤਿ ਹੋਇ ॥੨॥ ਹਰਿ ਕਾ ਭਾਣਾ ਮੰਨਹਿ ਸੇ ਜਨ ਪਰਵਾਣੁ ॥ ਗੁਰ ਕੈ ਸਬਦਿ ਨਾਮ ਨੀਸਾਣੁ ॥੩॥ ਸੋ ਸੇਵਹੁ ਜੋ ਕਲ ਰਹਿਆ ਧਾਰਿ ॥ ਨਾਨਕ ਗੁਰਮੁਖਿ ਨਾਮੁ ਪਿਆਰਿ ॥੪॥੯॥ {ਪੰਨਾ 1129}

ਪਦਅਰਥ:- ਕਲਜੁਗ ਮਹਿ—ਕਲਜੁਗ ਵਿਚ, ਵਿਕਾਰਾਂ-ਭਰੇ ਜਗਤ ਵਿਚ {ਨੋਟ:- ਕਿਸੇ ਖ਼ਾਸ 'ਜੁਗ' ਦਾ ਜ਼ਿਕਰ ਨਹੀਂ ਕਰ ਰਹੇ}। ਉਰ—ਹਿਰਦਾ। ਧਾਰੁ—ਵਸਾਈ ਰੱਖ। ਮਾਥੈ—(ਆਪਣੇ) ਮੱਥੇ ਉਤੇ, ਮੂੰਹ ਉੱਤੇ। ਪਾਵੈ—(ਉਹ ਮਨੁੱਖ) ਪਾਂਦਾ ਹੈ। ਛਾਰੁ—(ਲੋਕ ਪਰਲੋਕ ਦੀ ਨਿਰਾਦਰੀ ਦੀ) ਸੁਆਹ, ਮੁਕਾਲਖ। ਮਾਥੈ ਪਾਵੈ—ਆਪਣੇ ਮੂੰਹ ਉੱਤੇ ਪਾਂਦਾ ਹੈ, ਖੱਟਦਾ ਹੈ।1।

ਦੁਲਭੁ—ਦੁਰਲੱਭ, ਮੁਸ਼ਕਿਲ ਨਾਲ ਮਿਲਣ ਵਾਲਾ। ਭਾਈ—ਹੇ ਭਾਈ! ਪਰਸਾਦਿ—ਕਿਰਪਾ ਨਾਲ। ਮਨਿ—ਮਨ ਵਿਚ।1। ਰਹਾਉ।

ਜਨ ਸੋਇ—{ਬਹੁ-ਵਚਨ} ਉਹ ਮਨੁੱਖ। ਭਾਲਹਿ—ਭਾਲਦੇ ਹਨ, ਖੋਜਦੇ ਹਨ, ਭਾਲ ਕਰਦੇ ਹਨ। ਤੇ—ਤੋਂ। ਪ੍ਰਾਪਤਿ—ਪ੍ਰਾਪਤੀ, ਮੇਲ, ਸੰਜੋਗ।2।

ਮੰਨਹਿ—ਠੀਕ ਸਮਝਦੇ ਹਨ। ਸੇ ਜਨ—{ਬਹੁ-ਵਚਨ} ਉਹ ਮਨੁੱਖ। ਪਰਵਾਣੁ—ਕਬੂਲ, ਸਤਕਾਰੇ ਜਾਂਦੇ ਹਨ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਨੀਸਾਣੁ—ਪਰਵਾਨਾ, ਰਾਹਦਾਰੀ। ਨਾਮ ਨੀਸਾਣੁ—ਹਰਿ-ਨਾਮ ਦਾ ਪਰਵਾਨਾ।3।

ਸੋ—ਉਸ ਪਰਮਾਤਮਾ ਨੂੰ। ਸੇਵਹੁ—ਸਿਮਰੋ। ਕਲ—ਕਲਾ, ਸੱਤਿਆ। ਰਹਿਆ ਧਾਰਿ—ਟਿਕਾ ਰਿਹਾ ਹੈ। ਪਿਆਰਿ—ਪਿਆਰ ਕਰ, ਪਿਆਰ ਨਾਲ ਹਿਰਦੇ ਵਿਚ ਵਸਾਓ।4।

ਅਰਥ:- ਹੇ ਭਾਈ! (ਹੋਰ ਪਦਾਰਥਾਂ ਦੇ ਟਾਕਰੇ ਤੇ) ਪਰਮਾਤਮਾ ਦਾ ਨਾਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ। (ਇਹ ਤਾਂ) ਗੁਰੂ ਦੀ ਕਿਰਪਾ ਨਾਲ (ਕਿਸੇ ਭਾਗਾਂ ਵਾਲੇ ਦੇ) ਮਨ ਵਿਚ ਆ ਕੇ ਵੱਸਦਾ ਹੈ।1। ਰਹਾਉ।

ਹੇ ਭਾਈ! ਇਸ ਵਿਕਾਰਾਂ-ਭਰੇ ਜਗਤ ਵਿਚ (ਵਿਕਾਰਾਂ ਤੋਂ ਬਚਣ ਲਈ) ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖ। (ਜਿਹੜਾ ਮਨੁੱਖ) ਨਾਮ ਤੋਂ ਖ਼ਾਲੀ (ਰਹਿੰਦਾ ਹੈ, ਉਹ ਲੋਕ ਪਰਲੋਕ ਦੀ) ਨਿਰਾਦਰੀ ਹੀ ਖੱਟਦਾ ਹੈ।1।

ਪਰ, ਹੇ ਭਾਈ! (ਕਿਸੇ ਦੇ ਵੱਸ ਦੀ ਗੱਲ ਨਹੀਂ) ਪੂਰੇ ਗੁਰੂ ਪਾਸੋਂ (ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ) ਹਰਿ-ਨਾਮ ਦੀ ਪ੍ਰਾਪਤੀ (ਲਿਖੀ ਹੋਈ ਹੈ), ਸਿਰਫ਼ ਉਹ ਮਨੁੱਖ ਹੀ ਪਰਮਾਤਮਾ ਦਾ ਨਾਮ ਭਾਲਦੇ ਹਨ।2।

ਹੇ ਭਾਈ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਜਿਨ੍ਹਾਂ ਮਨੁੱਖਾਂ ਨੂੰ) ਹਰਿ-ਨਾਮ (ਦੀ ਪਰਾਪਤੀ) ਦਾ ਪਰਵਾਨਾ (ਮਿਲ ਜਾਂਦਾ ਹੈ) ਉਹ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰਕੇ) ਮੰਨਦੇ ਹਨ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਸਤਕਾਰੇ ਜਾਂਦੇ ਹਨ।3।

ਹੇ ਨਾਨਕ! ਜਿਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਦੀ ਮਰਯਾਦਾ ਨੂੰ ਆਪਣੀ ਸੱਤਿਆ ਨਾਲ ਤੋਰ ਰਿਹਾ ਹੈ ਉਸ ਦੀ ਸੇਵਾ-ਭਗਤੀ ਕਰੋ, ਗੁਰੂ ਦੀ ਰਾਹੀਂ ਉਸ ਦੇ ਨਾਮ ਨੂੰ ਪਿਆਰ ਕਰੋ।4।9।